**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**1820 hrs**

**ਮਿਤੀ : 12-09-2025**

**ਪਹਿਲਾ ਬੁਲੇਟਿਨ ਦੀਆ ਖਾਸ ਖਬਰਾ**

- ਸੀ ਪੀ ਰਾਧਾਕ੍ਰਿਸ਼ਨਨ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਭਾਰਤ ਦੇ 15ਵੇਂ ਉਪ ਰਾਸ਼ਟਰਪਤੀ ਵਜੋਂ ਸਹੁੰ ਚੁੱਕੀ।
- ਕੇਂਦਰੀ ਰਾਜ ਮੰਤਰੀ ਸੰਜੇ ਸੇਠ ਨੇ ਅਜਨਾਲਾ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ-ਕਿਹਾ ਕੇਂਦਰ ਸਰਕਾਰ ਵੱਲੋਂ ਮਦਦ ਵਿਚ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ।
- ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਵਲੋਂ, ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਮਿਲਣ ਅਤੇ ਸੂਬੇ ਦੇ ਰਾਹਤ ਫੰਡ ਵੰਡ ਵਿੱਚ ਸੋਧ ਦੀ ਮੰਗ ਕਰਨ ਦੀ ਅਪੀਲ।
- ਮੁੱਖ ਮੰਤਰੀ ਭਗਵੰਤ ਮਾਨ ਨੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ, 40 ਦਿਨਾਂ ਦੇ ਅੰਦਰ ਪੂਰਾ ਮੁਆਵਜ਼ਾ ਜਾਰੀ ਕਰਨ ਦਾ ਦਿੱਤਾ ਭਰੋਸਾ ।
- ਤਰਨਤਾਰਨ ਦੀ ਅਦਾਲਤ ਨੇ ਸਾਲ 2013 'ਚ ਲੜਕੀ ਨਾਲ ਕੁੱਟਮਾਰ ਅਤੇ ਛੇੜ-ਛਾੜ ਦੇ ਇਕ ਮਾਮਲੇ ਵਿਚ ਖਡੂਰ ਸਾਹਿਬ ਦੇ ਮੌਜੂਦਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੂੰ ਚਾਰ ਸਾਲ ਦੀ ਸਜ਼ਾ ਸੁਣਾਈ ।
- ਦੁਬਈ ਵਿੱਚ ਏਸ਼ੀਆ ਕੱਪ ਕ੍ਰਿਕਟ ਵਿੱਚ ਅੱਜ ਸ਼ਾਮ ਪਾਕਿਸਤਾਨ ਦਾ ਮੁਕਾਬਲਾ ਓਮਾਨ ਨਾਲ ।

**ਹੁਣ ਖਬਰਾਂ ਵਿਸਥਾਰ ਨਾਲ....**

---

ਉਪ ਰਾਸ਼ਟਰਪਤੀ ਦਾ ਸਹੁੰ ਚੁੱਕ ਸਮਾਗਮ

ਸ੍ਰੀ ਸੀ ਪੀ ਰਾਧਾਕ੍ਰਿਸ਼ਨਨ ਦੇਸ਼ ਦੇ 15ਵੇਂ ਉਪ ਰਾਸ਼ਟਰਪਤੀ ਬਣ ਗਏ ਨੇ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਆਯੋਜਿਤ ਸਹੁੰ ਚੁੱਕ ਸਮਾਗਮ ਵਿੱਚ ਸ੍ਰੀ ਸੀ.ਪੀ. ਰਾਧਾ-ਕ੍ਰਿਸ਼ਨਨ ਨੂੰ ਭਾਰਤ ਦੇ ਉਪ ਰਾਸ਼ਟਰਪਤੀ ਵਜੋਂ ਸਹੁੰ ਚੁਕਾਈ ।

ਸਹੁੰ ਚੁੱਕ ਸਮਾਗਮ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ, ਸਾਬਕਾ ਉਪ ਰਾਸ਼ਟਰਪਤੀ ਜਗਦੀਪ ਧਨਖੜ, ਕੇਂਦਰੀ ਮੰਤਰੀ ਅਮਿਤ ਸ਼ਾਹ, ਰਾਜਨਾਥ ਸਿੰਘ, ਜੇ.ਪੀ ਨੱਡਾ, ਪਿਊਸ਼ ਗੋਇਲ ਅਤੇ ਨਿਤਿਨ ਗਡਕਰੀ ਮੌਜੂਦ ਰਹੇ । ਸਹੁੰ ਚੁੱਕ ਸਮਾਗਮ ਤੋਂ ਬਾਅਦ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਰਾਜਘਾਟ ਵਿਖੇ ਮਹਾਤਮਾ ਗਾਂਧੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਨੇ ਸਦੈਵ ਅਟਲ ਵਿੱਚ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ। ਇਸ ਮਹੀਨੇ ਦੀ 9 ਤਰੀਕ ਨੂੰ ਹੋਈ ਉਪ ਰਾਸ਼ਟਰਪਤੀ ਚੋਣ ਵਿੱਚ, ਸ੍ਰੀ ਰਾਧਾ-ਕ੍ਰਿਸ਼ਨਨ ਨੂੰ 452 ਵੋਟਾਂ ਮਿਲੀਆਂ। ਉਨ੍ਹਾਂ ਨੇ ਸ੍ਰੀ ਬੀ. ਸੁਦਰਸ਼ਨ ਰੈਡੀ ਨੂੰ 152 ਵੋਟਾਂ ਦੇ ਫਰਕ ਨਾਲ ਹਰਾਇਆ। ਤਾਮਿਲਨਾਡੂ ਦੇ ਤਿਰੂਪੁਰ ਵਿੱਚ ਜਨਮੇ, CP ਰਾਧਾਕ੍ਰਿਸ਼ਨਨ ਨੇ ਆਪਣਾ ਰਾਜਨੀਤਿਕ ਸਫ਼ਰ ਇੱਕ ਵਿਦਿਆਰਥੀ ਨੇਤਾ ਵਜੋਂ ਸ਼ੁਰੂ ਕੀਤਾ। ਉਹ ਆਰ.ਐਸ.ਐਸ ਵਰਗੇ ਸੰਗਠਨਾਂ ਵਿੱਚ ਸਰਗਰਮੀ ਨਾਲ ਸ਼ਾਮਲ ਸਨ। ਉਹ ਕੋਇੰਬਟੂਰ ਤੋਂ ਦੋ ਵਾਰ ਲੋਕ ਸਭਾ ਲਈ ਚੁਣੇ ਗਏ ਸਨ। ਸ੍ਰੀ ਰਾਧਾਕ੍ਰਿਸ਼ਨਨ ਝਾਰਖੰਡ, ਤੇਲੰਗਾਨਾ, ਮਹਾਰਾਸ਼ਟਰ ਦੇ ਰਾਜਪਾਲ ਅਤੇ ਪੁਡੂਚੇਰੀ ਦੇ ਉਪ ਰਾਜਪਾਲ ਵਜੋਂ ਵੀ ਸੇਵਾ ਨਿਭਾ ਚੁੱਕੇ ਨੇ ।

-----------------------------------------------------

-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੀ.ਪੀ ਰਾਧਾਕ੍ਰਿਸ਼ਨਨ ਨੂੰ ਜਨਤਕ ਸੇਵਾ ਲਈ ਸਮਰਪਿਤ ਸਫਲ ਕਾਰਜਕਾਲ ਲਈ ਵਧਾਈ ਦਿੱਤੀ।

ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਸ੍ਰੀ ਰਾਧਾਕ੍ਰਿਸ਼ਨਨ, ਜਨਤਕ ਸੇਵਕ ਹਨ ਅਤੇ ਉਨ੍ਹਾਂ ਨੇ ਆਪਣਾ ਪੂਰਾ ਜੀਵਨ ਰਾਸ਼ਟਰ ਨਿਰਮਾਣ, ਸਮਾਜਿਕ ਕਾਰਜ ਅਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਕਰ ਦਿੱਤਾ ਏ ।

-----------------------------------------------------

ਕੇਂਦਰੀ ਰਾਜ ਮੰਤਰੀ ਸੰਜੇ ਸੇਠ ਅੱਜ ਅੰਮ੍ਰਿਤਸਰ ਦੀ ਤਹਿਸੀਲ ਅਜਨਾਲਾ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਨ ਪਹੁੰਚੇ।

ਉਨ੍ਹਾਂ ਨੇ ਖੇਤਰ ਦੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਮੰਤਰੀ ਨੇ ਕਿਹਾ ਕਿ ਉਹ ਪਿਛਲੇ ਦੋ ਦਿਨ ਤੋਂ ਲਗਾਤਾਰ ਦੌਰੇ ਕਰ ਰਹੇ ਨੇ ਅਤੇ ਹਾਲਾਤ ਕਾਫੀ ਗੰਭੀਰ ਨੇ।

ਕੇਂਦਰੀ ਮੰਤਰੀ ਨੇ ਭਰੋਸਾ ਦਿਵਾਇਆ ਕਿ ਕੇਂਦਰ ਸਰਕਾਰ ਪੂਰੀ ਤਰ੍ਹਾਂ ਸਹਿਯੋਗ ਦੇਵੇਗੀ ਤਾਂ ਜੋ ਪੰਜਾਬ ਦੇ ਲੋਕ ਮੁਸੀਬਤ ਤੋਂ ਬਾਹਰ ਨਿਕਲ ਸਕਣ ਅਤੇ ਸੂਬੇ ਫਿਰ ਤਰੱਕੀ ਦੇ ਰਸਤੇ 'ਤੇ ਅੱਗੇ ਵਧੇ।BYTE

---

ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਮਿਲਣ ਅਤੇ ਸੂਬੇ ਦੇ ਰਾਹਤ ਫੰਡ ਵੰਡ ਵਿੱਚ ਸੋਧ ਦੀ ਮੰਗ ਕਰਨ ਦੀ ਅਪੀਲ ਕੀਤੀ ਏ।

ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਾਰਟੀ, ਸ੍ਰੀ ਮਾਨ ਦਾ ਸਮਰਥਨ ਕਰੇਗੀ ਤਾਂ ਜੋ ਹੋਰ ਰਾਹਤ ਮਿਲ ਸਕੇ, ਕਿਉਂਕਿ ਸੂਬਾ ਹੜ੍ਹਾਂ ਦੇ ਸੰਕਟ ਦਾ ਸਾਹਮਣਾ ਕਰ ਰਿਹਾ ਏ। ਹਾਲਾਂਕਿ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਮਿਲਣ ਤੋਂ ਪਹਿਲਾਂ, ਮੁੱਖ ਮੰਤਰੀ ਨੂੰ ਪਹਿਲਾਂ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨਾਲ, 12 ਹਜ਼ਾਰ ਕਰੋੜ ਰੁਪਏ ਦੇ ਸੂਬਾ ਆਫ਼ਤ ਪ੍ਰਤੀਕਿਰਿਆ ਬਲ ਫੰਡ ਦੇ ਅੰਕੜੇ ਤੇ ਵਿਚਾਰ ਕਰਨਾ ਚਾਹੀਦਾ ਏ।

ਸ੍ਰੀ ਜਾਖੜ ਨੇ ਕਿਹਾ ਕਿ ਜਦੋਂ ਮੁੱਖ ਸਕੱਤਰ ਨੇ ਪ੍ਰਧਾਨ ਮੰਤਰੀ ਨੂੰ ਪੇਸ਼ਕਾਰੀ ਦਿੱਤੀ, ਤਾਂ ਉਨ੍ਹਾਂ ਨੇ 13 ਹਜ਼ਾਰ 289 ਕਰੋੜ ਰੁਪਏ ਦੇ ਰਾਹਤ ਪੈਕੇਜ ਦੀ ਜਦੋਂ ਕਿ ਉੱਥੇ ਮੌਜੂਦ ਸੂਬੇ ਦੇ ਇੱਕ ਕੈਬਨਿਟ ਮੰਤਰੀ ਨੇ 20 ਹਜ਼ਾਰ ਕਰੋੜ ਰੁਪਏ ਦੀ ਮੰਗ ਕੀਤੀ। ਸ੍ਰੀ ਜਾਖੜ ਨੇ ਕਿਹਾ ਕਿ ਕਿਸੇ ਹੋਰ ਮੰਤਰੀ ਦੀ ਬਜਾਏ ਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਉੱਥੇ ਸਪਸ਼ਟੀਕਰਨ ਦੇਣਾ ਚਾਹੀਦਾ ਸੀ। BYTE
ਮੁੱਖ ਮੰਤਰੀ ਨੂੰ ਸੂਬੇ ਵਿੱਚ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਲਾਗੂ ਕਰਨ ਦਾ ਸੁਝਾਅ ਦਿੰਦੇ ਹੋਏ, ਜੋ

ਇਸ ਸਮੇਂ ਕਿਸਾਨਾਂ ਨੂੰ ਮੁਆਵਜ਼ਾ ਪ੍ਰਾਪਤ ਕਰਨ ਵਿੱਚ ਮਦਦਗਾਰ ਹੋ ਸਕਦੀ ਸੀ, BJP ਪ੍ਰਧਾਨ ਨੇ ਆਮ ਆਦਮੀ ਪਾਰਟੀ  ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਕਿਹਾ ਕਿ ਉਹ, ਇਹ ਪਤਾ ਲਗਾਉਣ ਕਿ 230 ਕਰੋੜ ਰੁਪਏ ਕਿੱਥੇ ਖਰਚ ਕੀਤੇ ਗਏ ਨੇ , ਜੋ ਕਿ ਸੂਬਾ ਸਰਕਾਰ ਨੇ ਬੰਨ੍ਹਾਂ ਨੂੰ ਮਜ਼ਬੂਤ ਕਰਨ 'ਤੇ ਖਰਚ ਕਰਨ ਦਾ ਦਾਅਵਾ ਕੀਤਾ ਸੀ। ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵੀ ਆਲੋਚਨਾ ਕਰਦਿਆਂ ਦੋਸ਼ ਲਗਾਇਆ ਕਿ ਇਸ ਨੇ ਲੋਕ ਭਲਾਈ ਨੂੰ ਤਰਜੀਹ ਦੇਣ ਦੀ ਬਜਾਏ, ਨਿੱਜੀ ਐਸ਼ੋ-ਆਰਾਮ 'ਤੇ 12,000 ਕਰੋੜ ਰੁਪਏ ਬਰਬਾਦ ਕਰ ਦਿੱਤੇ ਨੇ । ਉਨ੍ਹਾਂ ਪ੍ਰਧਾਨ ਮੰਤਰੀ ਦੇ ਹਾਲੀਆ ਪੰਜਾਬ ਦੌਰੇ ਦੌਰਾਨ, ਸੀਨੀਅਰ ਮੰਤਰੀਆਂ ਹਰਪਾਲ ਚੀਮਾ ਅਤੇ ਅਮਨ ਅਰੋੜਾ ਦੀ ਗੈਰਹਾਜ਼ਰੀ 'ਤੇ ਸਵਾਲ ਚੁਕਿਆ । ਇਸ ਦੌਰਾਨ, ਰਵਨੀਤ ਸਿੰਘ ਬਿੱਟੂ ਨੇ, ਸ੍ਰੀ ਜਾਖੜ ਅਤੇ ਪਾਰਟੀ ਦੇ ਹੋਰ ਆਗੂਆਂ ਨਾਲ ਜਲੰਧਰ ਤੋਂ ਹੜ੍ਹ ਪ੍ਰਭਾਵਿਤ ਖੇਤਰਾਂ ਲਈ ਰਾਹਤ ਸਮੱਗਰੀ ਲੈ ਕੇ ਜਾ ਰਹੇ 60 ਟਰੱਕਾਂ ਨੂੰ ਝੰਡੀ ਦਿਖਾਈ ।

----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਉਹ, ਹੜ੍ਹ ਪ੍ਰਭਾਵਿਤ ਲੋਕਾਂ ਨੂੰ ਭਰੋਸਾ ਦੇਣਾ ਚਾਹੁੰਦੇ ਨੇ ਕਿ ਉਨ੍ਹਾਂ ਦੀ ਸਰਕਾਰ 40 ਦਿਨਾਂ ਦੇ ਅੰਦਰ ਪੂਰਾ ਮੁਆਵਜ਼ਾ ਜਾਰੀ ਕਰੇਗੀ । ਮੁੱਖ ਮੰਤਰੀ ਨੇ  ਕਿਹਾ ਕਿ ਉਨ੍ਹਾਂ ਨੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਫਸਲਾਂ ਦੇ ਨੁਕਸਾਨ ਦੀ ਵਿਸ਼ੇਸ਼ ਗਿਰਦਾਵਰੀ ਪੂਰੀ ਕਰਨ, ਮਨੁੱਖੀ ਜਾਨਾਂ ਅਤੇ ਪਸ਼ੂਆਂ ਦੀ ਮੌਤ ਅਤੇ ਘਰਾਂ ਨੂੰ ਹੋਏ ਨੁਕਸਾਨ ਦੀਆਂ ਰਿਪੋਰਟਾਂ ਪੇਸ਼ ਕਰਨ, ਇਨ੍ਹਾਂ ਦੀ ਜਲਦੀ ਤੋਂ ਜਲਦੀ ਪੁਸ਼ਟੀ ਕਰਨ ਦੇ ਨਿਰਦੇਸ਼ ਦਿੱਤੇ ਨੇ, ਤਾਂ ਜੋ ਤੁਰੰਤ ਮੁਆਵਜ਼ਾ ਦੇਣਾ ਸ਼ੁਰੂ ਹੋ ਸਕੇ ।

ਸ੍ਰੀ ਮਾਨ ਨੇ ਇਹ ਵੀ ਕਿਹਾ ਕਿ ਉਨ੍ਹਾਂ ਨੇ ਸਾਰੇ 23 ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਤੋਂ ਰਾਹਤ ਉਪਾਵਾਂ ਅਤੇ ਨੁਕਸਾਨੇ ਗਏ ਬੁਨਿਆਦੀ ਢਾਂਚੇ ਦੀ ਮੁਰੰਮਤ ਬਾਰੇ ਪ੍ਰਤੀਕਰਮ  ਪ੍ਰਾਪਤ ਕੀਤੇ । ਉਨਾਂ  ਕਿਹਾ ਕਿ 2022 ਵਿੱਚ ਆਮ ਆਦਮੀ ਪਾਰਟੀ  ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ, ਕੇਂਦਰ ਵੱਲੋਂ ਆਫ਼ਤ ਰਾਹਤ ਫੰਡ ਵਜੋਂ, ਸਿਰਫ਼ 1 ਹਜ਼ਾਰ 582 ਕਰੋੜ ਰੁਪਏ ਜਾਰੀ ਕੀਤੇ ਗਏ ਨੇ ।

ਮੁੱਖ ਮੰਤਰੀ ਨੇ ਹੜ੍ਹਾਂ ਦੌਰਾਨ ਮਦਦ ਕਰਨ ਵਾਲਿਆਂ ਦਾ ਵੀ ਸ਼ੁਕਰੀਆ ਅਦਾ ਕੀਤਾ।

---

ਬੀਤੇ ਦਿਨੀ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ, ਪੰਜਾਬ ਦੇ ਹੜ ਪ੍ਰਭਾਵਿਤ ਪਠਾਨਕੋਟ ਜ਼ਿਲੇ ਦਾ ਦੌਰਾ ਕੀਤਾ ਗਿਆ।

ਪ੍ਰਧਾਨ ਮੰਤਰੀ ਨਾਲ ਮਿਲਣ ਵਾਲੇ ਕਿਸਾਨ ਰਾਜਿੰਦਰ ਸਿੰਘ ਨੇ ਕਿਹਾ ਉਨ੍ਹਾਂ ਨਾਲ ਸੁਹਿਰਦ ਮਾਹੌਲ ਵਿੱਚ ਗੱਲਬਾਤ ਹੋਈ ਏ ਅਤੇ ਪ੍ਰਧਾਨ ਮੰਤਰੀ ਨੇ ਕਿਸਾਨਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਏ।

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਆਜ਼ਾਦੀ ਦਿਵਸ 'ਤੇ ਲਾਲ ਕਿਲ੍ਹੇ ਦੀ ਫਸੀਲ ਤੋਂ, ਦੀਵਾਲੀ ਤੱਕ GST ਸੁਧਾਰਾਂ ਦੀ ਅਗਲੀ ਪੀੜ੍ਹੀ ਦਾ ਐਲਾਨ ਕੀਤਾ ਸੀ। ਉਨ੍ਹਾਂ ਦਾ ਸੁਪਨਾ ਉਦੋਂ ਸਾਕਾਰ ਹੋਇਆ ਜਦੋਂ 3 ਸਤੰਬਰ ਨੂੰ, GST ਕੌਂਸਲ ਨੇ ਦਰਾਂ ਨੂੰ ਤਰਕਸੰਗਤ ਬਣਾਉਣ, ਕਈ ਖੇਤਰਾਂ ਵਿੱਚ ਟੈਕਸ ਦਰਾਂ ਘਟਾਉਣ ਅਤੇ ਨਾਗਰਿਕਾਂ ਲਈ ਜੀਵਨ ਨੂੰ ਆਸਾਨ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ। ਇਹਨਾਂ ਸੁਧਾਰਾਂ ਰਾਹੀਂ ਦਵਾਈਆਂ ਤੇ ਸਿਹਤ ਬੀਮਾ ਆਦਿ ਵੀ ਕਿਫਾਇਤੀ ਹੋ ਗਏ ਨੇ ਜਿਸਦਾ ਆਮ ਲੋਕਾਂ ਨੇ ਸੁਆਗਤ ਕੀਤਾ ਏ।

--------------------------------------------------------

ਤਰਨਤਾਰਨ ਦੀ ਅਦਾਲਤ ਨੇ ਸਾਲ 2013 'ਚ ਲੜਕੀ ਨਾਲ ਕੁੱਟਮਾਰ ਅਤੇ ਛੇੜ-ਛਾੜ ਦੇ ਇਕ ਮਾਮਲੇ ਵਿਚ ਖਡੂਰ ਸਾਹਿਬ ਦੇ ਮੌਜੂਦਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੂੰ ਚਾਰ ਸਾਲ ਦੀ ਸਜ਼ਾ ਸੁਣਾਈ ਏ। ਜ਼ਿਕਰਯੋਗ ਏ ਕਿ 3 ਮਾਰਚ 2013 ਨੂੰ ਪਿੰਡ ਉਸਮਾਂ ਨਿਵਾਸੀ ਹਰਬਿੰਦਰ ਕੌਰ ਆਪਣੇ ਪਰਿਵਾਰ ਮੈਂਬਰਾਂ ਸਮੇਤ ਵਿਆਹ ਦੌਰਾਨ ਇਕ ਪੈਲੇਸ ਵਿਚ ਪਹੁੰਚੀ ਤਾਂ ਉੱਥੇ ਮੌਜੂਦ ਟੈਕਸੀ

ਡਰਾਈਵਰਾਂ ਵੱਲੋਂ ਉਸ ਨਾਲ ਛੇੜਛਾੜ ਕੀਤੀ ਗਈ। ਵਿਰੋਧ ਕਰਨ 'ਤੇ ਟੈਕਸੀ ਚਾਲਕਾਂ ਨੇ ਉਨ੍ਹਾਂ ਦੀ ਕੁੱਟਮਾਰ ਕੀਤੀ। ਮੌਕੇ 'ਤੇ ਪੁੱਜੀ ਪੁਲਿਸ ਨੇ ਵੀ ਪਰਿਵਾਰ ਵਿਚਕਾਰ ਸੜਕ ਦੇ ਪਰਿਵਾਰ ਦੀ ਕੁੱਟਮਾਰ ਕੀਤੀ ਸੀ। ਸੁਪਰੀਮ ਕੋਰਟ ਨੇ ਮਾਮਲੇ ਦਾ ਨੋਟਿਸ ਲੈ ਕੇ ਪੀੜਤ ਪਰਿਵਾਰ ਨੂੰ ਸੁਰੱਖਿਆ ਪ੍ਰਦਾਨ ਕਰਨ ਦੇ ਹੁਕਮ ਦਿੱਤੇ ਸਨ। ਮੁਲਜ਼ਮ ਟੈਕਸੀ ਚਾਲਕਾਂ 'ਚੋਂ ਮਨਜਿੰਦਰ ਸਿੰਘ ਲਾਲਪੁਰਾ 2022 'ਚ ਖਡੂਰ ਸਾਹਿਬ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਚੁਣੇ ਗਏ ਸਨ। 10 ਸਤੰਬਰ ਨੂੰ ਅਦਾਲਤ ਨੇ ਵਿਧਾਇਕ ਲਾਲਪੁਰਾ ਸਮੇਤ ਹੋਰ ਮੁਲਜ਼ਮਾਂ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਪੁਲਿਸ ਹਿਰਾਸਤ 'ਚ ਲੈਣ ਦੇ ਹੁਕਮ ਦਿੱਤੇ। ਹੁਣ ਵਧੀਕ ਸੈਸ਼ਨ ਜੱਜ ਤਰਨਤਾਰਨ ਪ੍ਰੇਮ ਕੁਮਾਰ ਦੀ ਅਦਾਲਤ ਨੇ ਉਸਮਾਂ ਕਾਂਡ ਦੇ ਮੁੱਖ ਮੁਲਜ਼ਮ ਮਨਜਿੰਦਰ ਸਿੰਘ ਲਾਲਪੁਰਾ ਨੂੰ ਚਾਰ ਸਾਲ ਦੀ ਸਜ਼ਾ ਸੁਣਾਈ ਏ। ਹਰਬਿੰਦਰ ਕੌਰ ਉਸਮਾਂ ਅਤੇ ਉਨਾਂ ਪਰਿਵਾਰ ਨੇ ਅਦਾਲਤ ਦੇ ਫੈਸਲੇ 'ਤੇ ਤੱਸਲੀ ਜ਼ਾਹਰ ਕੀਤੀ।

-------------------------------------------------------

ਰਾਸ਼ਟਰੀ ਸਿਹਤ ਮਿਸ਼ਨ ਦੇ ਸੂਬਾ ਨਿਰਦੇਸ਼ਕ ਅਤੇ ਰੂਪਨਗਰ ਦੇ ਸਿਵਲ ਸਰਜਨ ਡਾ. ਬਲਵਿੰਦਰ ਕੌਰ ਨੇ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ, ਸਿਹਤ ਵਿਭਾਗ ਦੀ ਟੀਮ ਵੱਲੋਂ ਲੋਕਾਂ ਨੂੰ ਮੁੱਹਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਨਿੱਜੀ ਤੌਰ 'ਤੇ ਜਾਇਜ਼ਾ ਲਿਆ। ਪੀ.ਐੱਚ.ਸੀ ਕੀਰਤਪੁਰ ਸਾਹਿਬ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ.ਜੰਗਜੀਤ ਸਿੰਘ ਨੇ ਦੱਸਿਆ ਕਿ ਅੱਜ ਸਿਵਲ ਸਰਜਨ ਨੇ ਹੜ੍ਹਾਂ ਦੀ ਮਾਰ ਹੇਠ ਆਏ ਪਿੰਡ ਬੱਢਲ, ਚੰਦਪੁਰ ਬੇਲਾ, ਸ਼ਾਹਪੁਰ, ਹਰੀਵਾਲ ਅਤੇ ਗੱਜਪੁਰ ਦਾ ਦੌਰਾ ਕਰਕੇ ਲਾਏ ਜਾ ਰਹੇ ਮੈਡੀਕਲ ਕੈਂਪਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਹਨਾਂ ਬਲਾਕ ਕੀਰਤਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਚੱਲ ਰਹੇ 30 ਮੈਡੀਕਲ ਕੈਂਪਾਂ ਨੂੰ 20 ਤਰੀਕ ਤੱਕ ਜਾਰੀ ਰੱਖਣ ਅਤੇ ਹੜ੍ਹਾਂ ਤੋਂ ਬਾਅਦ ਬਿਮਾਰੀਆਂ ਫ਼ੈਲਣ ਦੇ ਖ਼ਤਰੇ ਦੇ ਮੱਦੇਨਜ਼ਰ ਖੜ੍ਹੇ ਪਾਣੀ ਵਾਲੇ ਸਰੋਤਾਂ 'ਚ ਕਾਲੇ ਤੇਲ ਦੇ ਛਿੜਕਾਅ ਦੀ ਮੁਹਿੰਮ 'ਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਉਹਨਾਂ ਨਾਲ ਵਧੀਕ ਸਿਵਲ ਸਰਜਨ ਡਾ. ਬੌਬੀ ਗੁਲਾਟੀ ਵੀ ਮੌਜੂਦ ਰਹੇ।

ਏਸ਼ੀਆ ਕੱਪ ਟੀ-20 ਕ੍ਰਿਕਟ ਵਿੱਚ, ਪਹਿਲੀ ਵਾਰ ਖੇਡ ਰਹੀ ਓਮਾਨ ਟੀਮ ਦਾ ਮੁਕਾਬਲਾ ਅੱਜ ਦੁਬਈ ਇੰਟਰਨੈਸ਼ਨਲ ਸਟੇਡੀਅਮ ਵਿੱਚ ਗਰੁੱਪ-ਏ ਦੇ ਮੈਚ ਵਿੱਚ ਪਾਕਿਸਤਾਨ ਨਾਲ ਸ਼ੁਰੂ ਹੋ ਗਿਆ ਏ ।

--------------------------------------------------------

- ਸੀ ਪੀ ਰਾਧਾਕ੍ਰਿਸ਼ਨਨ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਭਾਰਤ ਦੇ 15ਵੇਂ ਉਪ ਰਾਸ਼ਟਰਪਤੀ ਵਜੋਂ ਸਹੁੰ ਚੁੱਕੀ।
- ਕੇਂਦਰੀ ਰਾਜ ਮੰਤਰੀ ਸੰਜੇ ਸੇਠ ਨੇ ਅਜਨਾਲਾ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ- ਕਿਹਾ ਕੇਂਦਰ ਸਰਕਾਰ ਵੱਲੋਂ ਮਦਦ ਵਿਚ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ।
- ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਵਲੋਂ, ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਮਿਲਣ ਅਤੇ ਸੂਬੇ ਦੇ ਰਾਹਤ ਫੰਡ ਵੰਡ ਵਿੱਚ ਸੋਧ ਦੀ ਮੰਗ ਕਰਨ ਦੀ ਅਪੀਲ।
- ਮੁੱਖ ਮੰਤਰੀ ਭਗਵੰਤ ਮਾਨ ਨੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ, 40 ਦਿਨਾਂ ਦੇ ਅੰਦਰ ਪੂਰਾ ਮੁਆਵਜ਼ਾ ਜਾਰੀ ਕਰਨ ਦਾ ਦਿੱਤਾ ਭਰੋਸਾ ।
- ਤਰਨਤਾਰਨ ਦੀ ਅਦਾਲਤ ਨੇ ਸਾਲ 2013 'ਚ ਲੜਕੀ ਨਾਲ ਕੁੱਟਮਾਰ ਅਤੇ ਛੇੜ-ਛਾੜ ਦੇ ਇਕ ਮਾਮਲੇ ਵਿਚ ਖਡੂਰ ਸਾਹਿਬ ਦੇ ਮੌਜੂਦਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੂੰ ਚਾਰ ਸਾਲ ਦੀ ਸਜ਼ਾ ਸੁਣਾਈ ।
- ਦੁਬਈ ਵਿੱਚ ਏਸ਼ੀਆ ਕੱਪ ਕ੍ਰਿਕਟ ਵਿੱਚ ਅੱਜ ਸ਼ਾਮ ਪਾਕਿਸਤਾਨ ਦਾ ਮੁਕਾਬਲਾ ਓਮਾਨ ਨਾਲ।